**ਮਃ ੩ ॥ ਇਕੋ ਸਤਿਗੁਰੁ ਜਾਗਤਾ ਹੋਰੁ ਜਗੁ ਸੂਤਾ ਮੋਹਿ ਪਿਆਸਿ ॥ ਸਤਿਗੁਰੁ ਸੇਵਨਿ ਜਾਗੰਨਿ ਸੇ ਜੋ ਰਤੇ ਸਚਿ ਨਾਮਿ ਗੁਣਤਾਸਿ ॥** {ਪੰਨਾ 592}

ਪਦਅਰਥ:- ਗੁਣਤਾਸਿ—ਗੁਣਾਂ ਦੇ ਖ਼ਜ਼ਾਨੇ ਪ੍ਰਭੂ ਵਿਚ।

ਅਰਥ:- ਇਕ ਸਤਿਗੁਰੂ ਹੀ ਸੁਚੇਤ ਹੈ, ਹੋਰ ਸਾਰਾ ਸੰਸਾਰ (ਮਾਇਆ ਦੇ) ਮੋਹ ਵਿਚ ਤੇ ਤ੍ਰਿਸ਼ਨਾ ਵਿਚ ਸੁੱਤਾ ਹੋਇਆ ਹੈ; ਜੋ ਮਨੁੱਖ ਸਤਿਗੁਰੂ ਦੀ ਸੇਵਾ ਕਰਦੇ ਹਨ ਤੇ ਗੁਣਾਂ ਦੇ ਖ਼ਜ਼ਾਨੇ ਸੱਚੇ ਨਾਮ ਵਿਚ ਰੱਤੇ ਹੋਏ ਹਨ, (ਉਹ) ਜਾਗਦੇ ਹਨ।

**ਮਨਮੁਖਿ ਅੰਧ ਨ ਚੇਤਨੀ ਜਨਮਿ ਮਰਿ ਹੋਹਿ ਬਿਨਾਸਿ ॥ ਨਾਨਕ ਗੁਰਮੁਖਿ ਤਿਨੀ ਨਾਮੁ ਧਿਆਇਆ ਜਿਨ ਕੰਉ ਧੁਰਿ ਪੂਰਬਿ ਲਿਖਿਆਸਿ ॥੨॥** {ਪੰਨਾ 593}

ਅਰਥ:- ਅੰਨ੍ਹੇ ਮਨਮੁਖ ਹਰੀ ਨੂੰ ਸਿਮਰਦੇ ਨਹੀਂ, ਜਨਮ ਮਰਨ ਦੇ ਗੇੜ ਵਿਚ ਪੈ ਕੇ ਤਬਾਹ ਹੋ ਰਹੇ ਹਨ; ਹੇ ਨਾਨਕ! ਗੁਰੂ ਦੇ ਸਨਮੁਖ ਹੋ ਕੇ ਉਹਨਾਂ ਨੇ ਨਾਮ ਸਿਮਰਿਆ ਹੈ, ਜਿਨ੍ਹਾਂ ਦੇ ਹਿਰਦੇ ਵਿਚ ਧੁਰ ਮੁੱਢ ਤੋਂ (ਕੀਤੇ ਭਲੇ ਕੰਮਾਂ ਦੇ ਸੰਸਕਾਰਾਂ ਅਨੁਸਾਰ ਲੇਖ) ਲਿਖਿਆ ਪਿਆ ਹੈ।2।